# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 09-05-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਹੁਣ ਤੋਂ ਥੋੜੀ ਦੇਰ ਬਾਅਦ, ਨਵੀਂ ਦਿੱਲੀ ਦੇ ਰਾਸ਼ਟਰਪਤੀ ਭਵਨ ਵਿਚ ਇਕ ਸਮਾਗਮ ਦੌਰਾਨ, ਪਦਮ ਪੁਰਸਕਾਰ ਪ੍ਰਦਾਨ ਕਰਨਗੇ।
- ਪੰਜਾਬ ਵਿਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਤੀਜੇ ਦਿਨ, 13 ਲੋਕ ਸਭਾ ਹਲਕਿਆਂ ਲਈ ਵੱਖ ਵੱਖ ਪਾਰਟੀਆਂ ਦੇ ਉਮੀਦਵਾਰਾਂ ਸਮੇਤ, ਵੱਡੀ ਗਿਣਤੀ ਵਿਚ ਆਜ਼ਾਦ ਉਮੀਦਵਾਰਾਂ ਨੇ ਵੀ ਕਾਗਜ਼ ਦਾਖ਼ਲ ਕੀਤੇ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ, ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ, ਪੁਲਿਸ ਕਮਿਸ਼ਨਰਾਂ ਅਤੇ SSPs ਨੂੰ ਚੋਣਾਂ ਵਿਚ ਸਾਰਿਆਂ ਲਈ ਬਰਾਬਰ ਦਾ ਮਾਹੌਲ ਯਕੀਨੀ ਬਣਾਉਣ ਲਈ ਆਖਿਆ।

- ਮੌਸਮ ਵਿਭਾਗ ਨੇ ਭਲਕੇ 10 ਤੋਂ 13 ਮਈ ਤਕ ਕਈ ਜ਼ਿਲਿਆਂ ਵਿਚ ਮੀਂਹ ਤੇ ਹਨੇਰੀ ਝੱਖੜ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ।

------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਹੁਣ ਤੋਂ ਥੋੜੀ ਦੇਰ ਬਾਅਦ ਨਵੀਂ ਦਿੱਲੀ ਦੇ ਰਾਸ਼ਟਰਪਤੀ ਭਵਨ ਵਿੱਚ ਇਕ ਸਮਾਗਮ ਦੋਰਾਨ, ਪਦਮ ਪੁਰਸਕਾਰ ਪ੍ਰਦਾਨ ਕਰਨਗੇ। ਦੇਸ਼ ਦੇ ਸਰਵਉੱਚ ਨਾਗਰਿਕ ਪੁਰਸਕਾਰਾਂ ਵਿੱਚੋਂ ਇੱਕ, ਪਦਮ ਪੁਰਸਕਾਰ ਤਿੰਨ ਸ਼੍ਰੇਣੀਆਂ - ਪਦਮ ਵਿਭੂਸ਼ਣ, ਪਦਮ ਭੂਸ਼ਣ ਅਤੇ ਪਦਮ ਸ਼੍ਰੀ ਵਿੱਚ ਪ੍ਰਦਾਨ ਕੀਤੇ ਜਾਂਦੇ ਨੇ। ਇਹ ਪੁਰਸਕਾਰ ਕਲਾ, ਸਮਾਜਿਕ ਕਾਰਜ, ਜਨਤਕ ਮਾਮਲੇ, ਵਿਗਿਆਨ ਤੇ ਇੰਜੀਨੀਅਰਿੰਗ, ਵਪਾਰ ਤੇ ਉਦਯੋਗ, ਦਵਾਈ, ਸਾਹਿਤ ਤੇ ਸਿੱਖਿਆ, ਖੇਡਾਂ ਤੇ ਸਿਵਲ ਸੇਵਾ ਸਮੇਤ ਵੱਖ-ਵੱਖ ਵਿਸ਼ਿਆਂ ਅਤੇ ਗਤੀਵਿਧੀਆਂ ਦੇ ਖੇਤਰਾਂ ਵਿੱਚ ਦਿੱਤੇ ਜਾਂਦੇ ਨੇ। ਪੁਰਸਕਾਰਾਂ ਦਾ ਐਲਾਨ ਹਰ ਸਾਲ ਗਣਤੰਤਰ ਦਿਵਸ ਮੌਕੇ ਤੇ ਕੀਤਾ ਜਾਂਦਾ ਏ।

---

ਪੰਜਾਬ ਵਿਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਤੀਜੇ ਦਿਨ 13 ਲੋਕ ਸਭਾ ਹਲਕਿਆਂ ਲਈ ਵੱਖ ਵੱਖ ਪਾਰਟੀਆਂ ਦੇ ਉਮੀਦਵਾਰਾਂ ਸਮੇਤ ਵੱਡੀ ਗਿਣਤੀ ਵਿਚ ਆਜ਼ਾਦ ਉਮੀਦਵਾਰਾਂ ਨੇ ਵੀ ਆਪਣੇ ਨਾਮਜ਼ਦਗੀ ਕਾਗਜ਼ ਦਾਖ਼ਲ ਕੀਤੇ। ਫਰੀਦਕੋਟ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਹੰਸ ਰਾਜ ਹੰਸ, ਖਡੂਰ ਸਾਹਿਬ ਤੋਂ ਕਾਂਗਰਸ ਪਾਰਟੀ ਦੇ ਕੁਲਬੀਰ ਸਿੰਘ ਜ਼ੀਰਾ ਨੇ, ਅੱਜ ਆਪੋ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਨਾਮਜ਼ਦਗੀਆਂ ਦੇ ਪਹਿਲੇ ਦਿਨ 15 ਦੂਜੇ ਦਿਨ 22 ਅਤੇ ਅੱਜ ਤੀਜੇ ਦਿਨ 29 ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਸੂਚਨਾ ਏ। ਨਾਮਜ਼ਦਗੀਆਂ 14 ਮਈ ਤੱਕ ਭਰੀਆਂ ਜਾ ਸਕਣਗੀਆਂ। ਭਲਕੇ 10 ਮਈ ਨੂੰ ਛੁੱਟੀ ਦੇ ਬਾਵਜੂਦ ਨਾਮਜ਼ਦਗੀਆਂ ਦਾਖ਼ਲ ਕੀਤੀਆਂ ਜਾ ਸਕਣਗੀਆਂ ਪਰ 11 ਤੇ 12 ਮਈ ਨੂੰ ਸ਼ਨੀਵਾਰ ਤੇ ਐਤਵਾਰ ਦੀ ਛੁੱਟੀ ਕਰਕੇ, ਕਾਗਜ਼ ਜਮ੍ਹਾਂ ਨਹੀਂ ਹੋਣਗੇ। 15 ਮਈ ਨੂੰ ਨਾਮਜ਼ਦਗੀਆਂ ਦੀ ਪੜਤਾਲ ਕੀਤੀ ਜਾਵੇਗੀ ਅਤੇ 17 ਮਈ ਨਾਮਜ਼ਦਗੀ ਵਾਪਸ ਲੈਣ ਦੀ ਅੰਤਿਮ ਤਾਰੀਖ ਏ। ਸੂਬੇ

ਦੀਆਂ ਸਾਰੀਆਂ ਹੀ 13 ਲੋਕ ਸਭਾ ਸੀਟਾਂ ‘ਤੇ ਪਹਿਲੀ ਜੂਨ ਨੂੰ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਵੋਟਾਂ ਪੈਣਗੀਆਂ।

---------------------------------------------------------------

ਲੋਕ ਸਭਾ ਚੋਣਾਂ 2024 ਦੇ ਮੱਦੇਨਜ਼ਰ ਸੂਬੇ ਵਿੱਚ, ਆਜ਼ਾਦ ਅਤੇ ਨਿਰਪੱਖ ਚੋਣ ਅਮਲ ਨੂੰ ਨੇਪਰੇ ਚਾੜ੍ਹਨ ਲਈ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਸਾਰੇ ਡਿਪਟੀ ਕਮਿਸ਼ਨਰਾਂ ਤੇ ਜ਼ਿਲ੍ਹਾ ਚੋਣ ਅਧਿਕਾਰੀਆਂ, ਪੁਲਿਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਕਪਤਾਨਾਂ ਨੂੰ ਉਮੀਦਵਾਰਾਂ ਦੀ ਸੁਰੱਖਿਆ ਧਿਆਨ ਵਿੱਚ ਰੱਖਦਿਆਂ ਸਾਰਿਆਂ ਲਈ ਬਰਾਬਰ ਦਾ ਮਾਹੌਲ ਯਕੀਨੀ ਬਣਾਉਣ ਲਈ ਕਿਹਾ ਏ। ਉਨਾਂ ਜ਼ੋਰ ਦੇ ਕੇ ਕਿਹਾ ਕਿ ਉਮੀਦਵਾਰਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਜ਼ਿਲ੍ਹਾ ਚੋਣ ਅਮਲੇ ਦੀ ਮੁੱਢਲੀ ਜ਼ਿੰਮੇਵਾਰੀ ਏ ਅਤੇ ਚੋਣ ਕਮਿਸ਼ਨ ਇਸ ਮਾਮਲੇ ਪ੍ਰਤੀ ਪੂਰੀ ਤਰ੍ਹਾਂ ਗੰਭੀਰ ਏ। ਸਾਰੇ ਸਬੰਧਿਤ ਅਧਿਕਾਰੀਆਂ ਨੂੰ ਅੱਜ ਜਾਰੀ ਇੱਕ ਪੱਤਰ ਵਿੱਚ ਸਿਬਿਨ ਸੀ ਨੇ ਕਿਹਾ ਕਿ ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਚੋਣ ਪ੍ਰਚਾਰ ਵਿੱਚ ਵਿਘਨ ਪਾਉਣ ਦੀਆਂ ਕਈ ਘਟਨਾਵਾਂ ਵੱਖ-ਵੱਖ ਸ਼ਿਕਾਇਤਾਂ ਅਤੇ ਮੀਡੀਆਂ ਰਿਪੋਰਟਾਂ ਰਾਹੀਂ ਸਾਹਮਣੇ ਆਈਆਂ ਨੇ, ਜਿਸ

ਵਿੱਚ ਅੰਦੋਲਨਕਾਰੀ ਕਿਸਾਨਾਂ ਵੱਲੋਂ ਸਿਆਸੀ ਪਾਰਟੀਆਂ ਦੇ ਉਮੀਦਵਾਰਾਂ ਨੂੰ ਚੋਣ ਪ੍ਰਚਾਰ ਤੋਂ ਰੋਕਿਆ ਜਾ ਰਿਹਾ ਏ ਜਿਸ ਕਰਕੇ ਉਹ, ਨਾਗਰਿਕਾਂ ਨੂੰ ਆਪਣੇ ਚੋਣ ਮਨੋਰਥ ਪੱਤਰ ਤੋਂ ਜਾਣੂ ਨਹੀਂ ਕਰਵਾ ਪਾ ਰਹੇ। ਉਨ੍ਹਾਂ ਕਿਹਾ ਕਿ ਅਜਿਹੀਆਂ ਕਾਰਵਾਈਆਂ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਨੇ। ਸਿਬਿਨ ਸੀ ਨੇ ਅੱਗੇ ਕਿਹਾ ਕਿ ਇਹ ਵੀ ਦੇਖਿਆ ਗਿਆ ਏ ਕਿ ਧਾਰਾ 144 ਤਹਿਤ ਜਾਰੀ ਹੁਕਮਾਂ ਦੇ ਬਾਵਜੂਦ, ਪ੍ਰਦਰਸ਼ਨਕਾਰੀ ਕਿਸਾਨਾਂ ਵੱਲੋਂ ਬਿਨਾਂ ਇਜਾਜ਼ਤ ਇਕੱਠ ਕਰਨ ਤੋਂ ਇਲਾਵਾ, ਲਾਊਡ ਸਪੀਕਰਾਂ ਦੀ ਵਰਤੋਂ ਵੀ ਕੀਤੀ ਜਾ ਰਹੀ ਏ। ਚੋਣ ਕਮਿਸ਼ਨ ਦੀਆਂ ਹਦਾਇਤਾਂ ਦਾ ਹਵਾਲਾ ਦਿੰਦਿਆਂ, ਉਨਾਂ ਕਿਹਾ ਕਿ ਇਹ ਬਹੁਤ ਮਹੱਤਵਪੂਰਨ ਏ, ਕਿ ਉਮੀਦਵਾਰਾਂ ਦੀ ਸੁਰੱਖਿਆ ਯਕੀਨੀ ਬਣਾਉਂਦਿਆਂ ਇਨ੍ਹਾਂ ਦਿਸ਼ਾ-ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ ਤਾਂ ਜੋ ਉਮੀਦਵਾਰਾਂ ਨੂੰ ਚੋਣ ਪ੍ਰਚਾਰ ਲਈ ਬਰਾਬਰ ਦਾ ਮਾਹੌਲ ਪ੍ਰਦਾਨ ਕੀਤਾ ਜਾ ਸਕੇ। ਉਨਾਂ ਦੁਹਰਾਇਆ ਕਿ ਜ਼ਿਲ੍ਹਿਆਂ ਵਿੱਚ ਤਾਇਨਾਤ ਸਮੂਹ ਚੋਣ ਅਮਲੇ ਦਾ ਫਰਜ਼ ਏ ਕਿ ਉਹ, ਇਨ੍ਹਾਂ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ

ਯਕੀਨੀ ਬਣਾਉਣ ਅਤੇ ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥ ਵਿੱਚ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

---------------------------------------------------------------

ਲੋਕ ਸਭਾ ਹਲਕਾ ਸ੍ਰੀ ਆਨੰਦਪੁਰ ਸਾਹਿਬ ਤੋਂ BJP ਦੇ ਉਮੀਦਵਾਰ ਡਾਕਟਰ ਸੁਭਾਸ਼ ਸ਼ਰਮਾ ਨੇ ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਮੰਦਿਰ ਵਿਖੇ ਮੱਥਾ ਟੇਕ ਕੇ ਆਪਣੀ ਚੋਣ ਮੁਹਿੰਮ ਦੀ ਸ਼ੁਰੂਆਤ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਉਨ੍ਹਾਂ ਕਿਹਾ ਕਿ ਇਹ ਧਰਤੀ ਭਗਤੀ ਤੇ ਸ਼ਕਤੀ ਦੇ ਸਿਧਾਂਤਾਂ ਦੀ ਮਾਂ ਏ ਅਤੇ ਉਹ ਇਸ ਤੋਂ ਪ੍ਰੇਰਨਾ ਲੈ ਕੇ, ਇਲਾਕੇ ਦੇ ਲੋਕਾਂ ਦੀ ਪੂਰੀ ਤਾਕਤ ਨਾਲ ਸੇਵਾ ਕਰਨਗੇ। ਡਾਕਟਰ ਸ਼ਰਮਾ ਨੇ ਕਿਹਾ ਕਿ BJP ਦਾ ਕਿਸੇ ਨਾਲ ਕੋਈ ਮੁਕਾਬਲਾ ਨਹੀਂ ਏ ਕਿਉਂਕਿ ਇਸ ਵਾਰ ਦੀ ਚੋਣ ਨਰੇਂਦਰ ਮੋਦੀ ਦੇ ਨਾਮ ਤੇ ਹੋ ਰਹੀ ਏ ਅਤੇ ਜਿਹੜਾ ਕੰਮ ਪ੍ਰਧਾਨ ਮੰਤਰੀ ਮੋਦੀ ਨੇ 10 ਸਾਲਾਂ ਵਿੱਚ ਕੀਤਾ ਏ, ਦੇਸ਼ ਦੀ ਜਨਤਾ ਉਸ ਨੂੰ ਦੇਖਦੀ ਏ ਦੂਜੇ ਪਾਸੇ ਆਮ ਆਦਮੀ ਪਾਰਟੀ ਦਾ ਨੇਤਾ ਅਰਵਿੰਦ ਕੇਜਰੀਵਾਲ ਭਰਿਸ਼ਟਾਚਾਰ ਵਿੱਚ ਸ਼ਾਮਲ ਏ। ਉਨਾਂ ਕਿਹਾ ਕਿ ਜੇਕਰ ਗਾਂਧੀ

ਪਰਿਵਾਰ ਦੀ ਗੱਲ ਕਰੀਏ ਤਾਂ ਉਹ ਪੂਰਾ ਹੀ ਬੇਲ ਤੇ ਏ ਅਤੇ ਅਕਾਲੀਆਂ ਵਲੋਂ ਕੀਤੇ ਕਾਰਜਾਂ ਨੂੰ ਸਾਰਾ ਪੰਜਾਬ ਜਾਣਦਾ ਹੀ ਏ । ਡਾਕਟਰ ਸੁਭਾਸ਼ ਸ਼ਰਮਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ, ਸਾਰਿਆਂ ਦਾ ਰਾਜ ਦੇਖ ਲਿਆ ਏ ਤੇ ਜਾਣ ਲਿਆ ਏ ਅਤੇ ਹੁਣ ਪੰਜਾਬ ਨੂੰ, ਜੇ ਡੂੰਘੇ ਟੋਏ ਚੋਂ ਕੋਈ ਕੱਢ ਸਕਦਾ ਏ ਤਾਂ ਉਹ ਇੱਕੋ ਹੀ ਨਾਮ ਸਾਹਮਣੇ ਆਉਂਦਾ ਏ ਨਰੇਂਦਰ ਮੋਦੀ ਤੇ ਪੰਜਾਬ ਦੇ ਲੋਕ ਵੀ ਇਹ ਗੱਲ ਜਾਣ ਚੁੱਕੇ ਨੇ ।

------------------------------------------------------------

ਬਠਿੰਡਾ ਲੋਕਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਹਰਸਿਮਰਤ ਕੌਰ ਬਾਦਲ ਨੇ, ਕਿਹਾ ਏ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਸੂਬੇ ਨੂੰ ਕੰਗਾਲ ਕਰ ਦਿੱਤਾ ਏ ਅਤੇ ਆਮ ਆਦਮੀ ਪਾਰਟੀ ਸਰਕਾਰ ਨੇ ਦੋ ਸਾਲਾਂ ਵਿਚ ਹੀ ਇਕ ਲੱਖ ਕਰੋੜ ਰੁਪਏ ਦਾ ਕਰਜ਼ਾ ਲੈ ਲਿਆ ਏ, ਜਿਸ ਨਾਲ ਸੂਬੇ ਸਿਰ ਕਰਜ਼ਾ ਵੱਧ ਕੇ 3 ਲੱਖ 75 ਹਜ਼ਾਰ ਕਰੋੜ ਰੁਪਏ ਹੋ ਗਿਆ ਏ । ਮਾਨਸਾ ਵਿਧਾਨ ਸਭਾ ਹਲਕੇ ਵਿਚ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਇੰਨਾ ਭਾਰੀ ਕਰਜ਼ਾ ਲੈਣ ਦੇ ਬਾਵਜੂਦ ਸਰਕਾਰ ਕੋਲ ਵਿਖਾਉਣ ਲਈ ਕੁਝ ਵੀ ਨਹੀਂ

ਏ। ਉਨਾਂ ਕਿਹਾ ਕਿ ਸੂਬੇ ਦੇ ਸਰਕਾਰੀ ਖ਼ਜ਼ਾਨੇ ਵਿਚੋਂ ਪੈਸਾ ਅਰਵਿੰਦ ਕੇਜਰੀਵਾਲ ਦੇ ਹੋਰ ਸੂਬਿਆਂ ਵਿਚ ਪ੍ਰਚਾਰ, ਇਸ਼ਤਿਹਾਰਬਾਜ਼ੀ ਤੇ ਪਬਲੀਸਿਟੀ ਸਟੰਟ 'ਤੇ ਬਰਬਾਦ ਕੀਤਾ ਜਾ ਰਿਹਾ ਏ। ਆਪਣੀ ਚੋਣ ਮੁਹਿੰਮ ਦੌਰਾਨ ਮਹਿਲਾਵਾਂ ਨਾਲ ਮੁਲਾਕਾਤ ਕਰਦਿਆਂ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਇਹ ਬਹੁਤ ਹੈਰਾਨੀ ਵਾਲੀ ਗੱਲ ਏ, ਕਿ ਰਸਾਇਣਕ ਨਸ਼ੇ ਹੁਣ ਹਰ ਪਿੰਡ ਵਿਚ ਹਰ ਪਾਸੇ ਵੜ੍ਹ ਗਏ ਨੇ।

---------------------------------------------------------

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪ੍ਰਸਾਰਣ ਹੁੰਦਾ ਗੁਰਬਾਣੀ ਕੀਰਤਨ ਹੁਣ, ਐਪਲ ਦੇ ਫੋਨ, ਲੈਪਟਾਪ, ਆਈ-ਪੈਡ ਅਤੇ ਕੰਪਿਊਟਰ ਵਰਤਣ ਵਾਲੇ ਵੀ, ਆਡੀਓ ਰੂਪ ਵਿੱਚ ਸੁਣ ਸਕਣਗੇ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ, ਅੱਜ ਅੰਮ੍ਰਿਤਸਰ ਵਿਚ ਇਸ ਸੰਬੰਧੀ ਕਮੇਟੀ ਦੀ ਅਧਿਕਾਰਤ ਐਪਲ ਆਈ. ਓ. ਐੱਸ. ਅਧਾਰਿਤ ਐਪਲੀਕੇਸ਼ਨ ਜਾਰੀ ਕੀਤੀ। ਇਸ ਐਪ ਦਾ ਨਾਮ 'SGPC ਗੁਰਬਾਣੀ ਕੀਰਤਨ' ਏ, ਜਿਹੜਾ ਕਿ ਐਪਲ ਐਪਲੀਕੇਸ਼ਨ ਸਟੋਰ ਤੋਂ ਸ਼ਰਧਾਲੂ ਡਾਊਨਲੋਡ ਕਰ ਸਕਣਗੇ।

ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਪੂਰੇ ਵਿਸ਼ਵ ਦੀਆਂ ਸੰਗਤਾਂ ਲਈ ਆਸਥਾ ਦਾ ਕੇਂਦਰ ਏ ਅਤੇ ਹਰ ਸ਼ਰਧਾਲੂ ਦੀ ਇਸ ਪਾਵਨ ਅਸਥਾਨ ਤੋਂ ਗੁਰਬਾਣੀ ਕੀਰਤਨ ਸਰਵਣ ਕਰਨ ਦੀ ਤਾਂਘ ਹੁੰਦੀ ਏ। ਸੰਗਤ ਦੀ ਇਸ ਭਾਵਨਾ ਦਾ ਸਤਿਕਾਰ ਕਰਦਿਆਂ ਹੀ ਇਹ ਐਪ ਜਾਰੀ ਕੀਤੀ ਗਈ ਏ, ਕਿਉਂਕਿ ਮੌਜੂਦਾ ਸਮੇਂ ਹਰ ਵਿਅਕਤੀ ਮੋਬਾਈਲ ਨਾਲ ਜੁੜਿਆ ਹੋਇਆ ਏ। ਉਨ੍ਹਾਂ ਦੱਸਿਆ ਕਿ ਇਸ ਗੁਰਬਾਣੀ ਐਪ ਤੋਂ ਪਹਿਲਾਂ ਐਂਡ੍ਰੋਇਡ ਫੋਨ ਵਰਤਣ ਵਾਲਿਆਂ ਵਾਸਤੇ ਵੀ ਐਪ ਕਾਰਜਸ਼ੀਲ ਏ, ਜਿਸ ਨੂੰ ਸੰਗਤ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਏ। ਉਨਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਇਸ ਅਧਿਕਾਰਤ ਐਪ ਦੀ ਵਰਤੋਂ ਕਰਕੇ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਰੋਜ਼ਾਨਾ ਹੋਣ ਵਾਲੇ ਪੂਰੇ ਦਿਨ ਦਾ ਸਿੱਧਾ ਆਡੀਓ ਪ੍ਰਸਾਰਣ ਸਰਵਣ ਕਰਨ।

---------------------------------------------------------------

ਪੰਜਾਬ ਵਿਚ ਗਰਮੀ ਦਾ ਜ਼ੋਰ ਲਗਾਤਾਰ ਜਾਰੀ ਏ। ਮੌਸਮ ਵਿਭਾਗ ਨੇ ਭਲਕੇ 10 ਮਈ ਤੋਂ ਕਈ ਜ਼ਿਲਿਆਂ ਵਿਚ ਮੀਂਹ ਅਤੇ ਹਨੇਰੀ ਝਕੜ

ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ। ਇਸ ਨਾਲ ਲੋਕਾਂ ਨੂੰ ਗਰਮੀ ਤੋਂ ਕੁਝ ਰਾਹਤ ਜਰੂਰ ਮਿਲੇਗੀ। **ਵੇਰਵੇ ਨਾਲ ਇਹ ਰਿਪੋਰਟ :**

***ਡਿਸਪੈਚ: ਤੇਜ ਤਿੱਖੀ ਧੁੱਪ ਨਾਲ ਸਵੇਰ ਤੋਂ ਹੀ ਗਰਮੀ ਆਪਣਾ ਅਸਰ ਵਿਖਾਣਾ ਸ਼ੁਰੂ ਕਰ ਦੇਂਦੀ ਏ। ਦੁਪਹਿਰ ਤਕ ਇਸ ਗਰਮੀ ਨਾਲ ਲੂ ਦਾ ਜ਼ੋਰ ਇਨਾਂ ਵੇਖਣ ਨੂੰ ਮਿਲ ਰਿਹਾ ਏ ਕਿ ਜਲੰਧਰ ਵਿਚ ਕਈ ਸੜਕਾਂ ਸੁਨਸਾਨ ਨਜ਼ਰ ਆਉਂਦਿਆਂ ਨੇ। ਹਾਲਾਂਕਿ ਅੱਜ ਸਵੇਰ ਸਮੇਂ ਠੰਡੀ ਹਵਾ ਵੀ ਵਗਦੀ ਰਹੀ ਪਰ ਦਿਨ ਚੜ੍ਹਣ ਦੇ ਨਾਲ ਹੀ ਤਾਪਮਾਨ ਵਿਚ ਕਾਫੀ ਵਾਧਾ ਦੇਖਣ ਨੂੰ ਮਿਲਿਆ। ਇਸ ਦੌਰਾਨ ਮੌਸਮ ਵਿਭਾਗ ਨੇ ਇਕ ਰਾਹਤ ਭਾਰੀ ਖ਼ਬਰ ਦੇਂਦਿਆਂ ਦੱਸ ਤੋਂ 13 ਮਈ ਤਕ ਸੂਬੇ ਵਿਚ ਮੀਂਹ ਤੇ ਹਨੇਰੀ - ਝਕੜ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ। ਭਲਕੇ ਦੱਸ ਮਈ ਨੂੰ ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਬਠਿੰਡਾ, ਬਰਨਾਲਾ, ਮਾਨਸਾ, ਸੰਗਰੂਰ ਅਤੇ ਮਲੇਰਕੋਟਲਾ ਜ਼ਿਲਿਆਂ ਨੂੰ ਛੱਡ ਕੇ ਹੋਰਨਾਂ ਸਾਰੇ ਜ਼ਿਲਿਆਂ ਵਿਚ ਗ਼ਰਜ਼ ਚਮਕ ਨਾਲ ਮੀਂਹ ਪੈ ਸਕਦਾ ਏ ਅਤੇ 30 ਤੋਂ 40 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾਵਾਂ***

*ਵੱਗ ਸਕਦੀਆਂ ਨੇ ਜਦਕਿ 11 ਮਈ ਨੂੰ ਸਮੁੱਚੇ ਪੰਜਾਬ ਵਿਚ ਅਜਿਹਾ ਹੀ ਮੌਸਮ ਬਣਿਆ ਰਹੇਗਾ। 12 ਮਈ ਨੂੰ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ ਅਤੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲਿਆਂ ਵਿਚ ਗ਼ਰਜ਼ ਚਮਕ ਨਾਲ ਮੀਂਹ ਪੈ ਸਕਦਾ ਏ ਅਤੇ 30 ਤੋਂ 40 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾਵਾਂ ਵੱਗ ਸਕਦੀਆਂ ਨੇ। ਇਸੇ ਤਰ੍ਹਾਂ ਨਾਲ 13 ਮਈ ਨੂੰ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਰੂਪਨਗਰ ਅਤੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲਿਆਂ ਵਿਚ ਮੀਂਹ ਤੇ ਹਨੇਰੀ ਝਕੜ ਵਾਲਾ ਮੌਸਮ ਬਣਿਆ ਰਹੇਗਾ। ਇਸ ਮੌਸਮ ਨਾਲ ਗਰਮੀ ਤੋਂ ਕੁਝ ਰਾਹਤ ਜਰੂਰ ਮਿਲਣ ਦੀ ਆਸ ਬੱਝੀ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------------------------

CSIR - ਕੇਂਦਰੀ ਚਮੜਾ ਖੋਜ ਸੰਸਥਾਨ, ਖੇਤਰੀ ਕੇਂਦਰ ਜਲੰਧਰ ਵੱਲੋਂ ਰਾਸ਼ਟਰੀ ਤਕਨਾਲੋਜੀ ਦਿਵਸ ਸਬੰਧੀ ਸਮਾਗਮ ਦਾ ਆਯੋਜਨ ਕੀਤਾ

ਗਿਆ । ਕੇਂਦਰੀ ਵਿਦਿਆਲਾ ਨੰਬਰ ਤਿੰਨ, ਜਲੰਧਰ ਕੈਂਟ ਦੇ ਵਿਦਿਆਰਥੀਆਂ ਨੇ ਇਸ ਵਿਚ ਭਾਗ ਲਿਆ। ਵਿਦਿਆਰਥੀਆਂ ਨੂੰ ਜਿੱਥੇ ਰਾਸ਼ਟਰੀ ਤਕਨਾਲੋਜੀ ਦਿਵਸ ਬਾਰੇ ਜਾਗਰੂਕ ਕੀਤਾ ਗਿਆ, ਉੱਥੇ ਚਮੜਾ ਉਦਯੋਗ ਬਾਰੇ ਜਾਣਕਾਰੀ ਦੇਣ ਦੇ ਨਾਲ - ਨਾਲ ਸੰਸਥਾਨ ਦੀਆਂ ਵੱਖ-ਵੱਖ ਪ੍ਰਯੋਗਸ਼ਾਲਾਵਾਂ ਦਾ ਦੌਰਾ ਵੀ ਕਰਵਾਇਆ ਗਿਆ । ਸੰਸਥਾਨ ਦੇ ਪ੍ਰਮੁੱਖ ਵਿਗਿਆਨੀ ਡਾ. ਪੀ. ਸੁਧਾਕਰ ਨੇ ਕਿਹਾ ਕਿ ਭਾਰਤ ਵਿੱਚ ਹਰ ਸਾਲ 11 ਮਈ ਨੂੰ, ਰਾਸ਼ਟਰੀ ਤਕਨਾਲੋਜੀ ਦਿਵਸ ਮਨਾਇਆ ਜਾਂਦਾ ਏ ਅਤੇ ਸਾਲ 1998 ਵਿੱਚ ਇਸੇ ਦਿਨ ਭਾਰਤ ਨੇ ਪੋਖਰਣ ਪਰਮਾਣੂ ਪ੍ਰੀਖਣ ਕੀਤਾ ਸੀ। ਸੰਸਥਾਨ ਦੇ ਸੀਨੀਅਰ ਵਿਗਿਆਨੀ ਡਾ. ਵੀ ਕਾਰਤਿਕ ਨੇ ਚਮੜਾ ਬਣਾਉਣ ਦੀ ਪ੍ਰਕਿਰਿਆ, ਚਮੜੇ ਤੋਂ ਬਣਨ ਵਾਲੀਆਂ ਵੱਖ-ਵੱਖ ਵਸਤਾਂ ਅਤੇ ਸੰਸਥਾਨ ਬਾਰੇ ਦੱਸਿਆ । ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਡੀਨ ਖੋਜ ਤੇ ਵਿਕਾਸ ਡਾ. ਹਿਤੇਸ਼ ਸ਼ਰਮਾ ਤੇ PLF ਦੇ ਪ੍ਰਧਾਨ ਅਮਨਦੀਪ ਸਿੰਘ ਨੇ ਵੀ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਕੇਂਦਰੀ ਵਿਦਿਆਲਾ ਦੇ ਪ੍ਰਿੰਸੀਪਲ ਡਾ. ਹਰਜਿੰਦਰ ਭਾਟੀਆ ਨੇ ਵਿਦਿਆਰਥੀਆਂ ਨੂੰ ਵਿਗਿਆਨਕ ਸੂਝ

ਪੈਦਾ ਕਰਨ ਲਈ ਉਤਸ਼ਾਹਿਤ ਕੀਤਾ ਅਤੇ ਐੱਨ ਆਈ ਟੀ ਜਲੰਧਰ ਤੋਂ ਡਾ. ਐੱਸ. ਬਾਜਪਾਈ ਨੇ, ਇੰਜੀਨੀਅਰਿੰਗ, ਤਕਨਾਲੋਜੀ ਅਤੇ ਸਾਇੰਸ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਬੱਚਿਆਂ ਵਿੱਚ ਬਹੁਤ ਹੁਨਰ ਤੇ ਊਰਜਾ ਹੁੰਦੀ ਏ, ਜਿਸ ਦੀ ਵਰਤੋਂ ਅਧਿਆਪਕ ਵੱਲੋਂ ਸਹੀ ਮਾਰਗ-ਦਰਸ਼ਨ ਕਰਕੇ ਦੇਸ਼ ਦੇ ਇੰਜੀਨੀਅਰਿੰਗ, ਤਕਨਾਲੋਜੀ ਅਤੇ ਸਾਇੰਸ ਦੀ ਤਰੱਕੀ ਵਿੱਚ ਹੋਣੀ ਚਾਹੀਦੀ ਏ।

---

## ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਹੁਣ ਤੋਂ ਥੋੜੀ ਦੇਰ ਬਾਅਦ, ਨਵੀਂ ਦਿੱਲੀ ਦੇ ਰਾਸ਼ਟਰਪਤੀ ਭਵਨ ਵਿਚ ਇਕ ਸਮਾਗਮ ਦੌਰਾਨ, ਪਦਮ ਪੁਰਸਕਾਰ ਪ੍ਰਦਾਨ ਕਰਨਗੇ।
- ਪੰਜਾਬ ਵਿਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਤੀਜੇ ਦਿਨ, 13 ਲੋਕ ਸਭਾ ਹਲਕਿਆਂ ਲਈ ਵੱਖ ਵੱਖ ਪਾਰਟੀਆਂ ਦੇ ਉਮੀਦਵਾਰਾਂ ਸਮੇਤ, ਵੱਡੀ ਗਿਣਤੀ ਵਿਚ ਆਜ਼ਾਦ ਉਮੀਦਵਾਰਾਂ ਨੇ ਵੀ ਕਾਗਜ਼ ਦਾਖ਼ਲ ਕੀਤੇ।

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ, ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ, ਪੁਲਿਸ ਕਮਿਸ਼ਨਰਾਂ ਅਤੇ SSPs ਨੂੰ ਚੋਣਾਂ ਵਿਚ ਸਾਰਿਆਂ ਲਈ ਬਰਾਬਰ ਦਾ ਮਾਹੌਲ ਯਕੀਨੀ ਬਣਾਉਣ ਲਈ ਆਖਿਆ।
- ਮੌਸਮ ਵਿਭਾਗ ਨੇ ਭਲਕੇ 10 ਤੋਂ 13 ਮਈ ਤਕ ਕਈ ਜ਼ਿਲਿਆਂ ਵਿਚ ਮੀਂਹ ਤੇ ਹਨੇਰੀ ਝੱਖੜ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ।